www.a2zpapers.com

Roll No. ..................

Total No. of Questions : 9]

002/C

[Total No. of Printed Pages : 3

**SS**

**2036**

ਸਲਾਨਾ ਪਰੀਖਿਆ ਪ੍ਰਣਾਲੀ

**GENERAL PANJABI**

**(Common for All Groups and Voc. Stream)**

**(Evening Session)**

Time allowed : Three hours | Maximum marks : 50

*ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ* **002/C** *ਜ਼ਰੂਰ ਦਰਜ ਕਰੋ ਜੀ ।*

*(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 30 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।*

*(iii) ਉੱਤਰ-ਪੱਤਰੀ ਵਿੱਚ, ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀ ਕੀਤਾ ਜਾਵੇਗਾ ।*

*(iv)* ***ਸਾਰੇ ਪ੍ਰਸ਼ਨ ਜ਼ਰੂਰੀ ਹਨ ।***

*(v) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।*

**1.** **ਸਾਰੇ ਪ੍ਰਸ਼ਨ ਜ਼ਰੂਰੀ ਹਨ ।** *ਹਰੇਕ ਪ੍ਰਸ਼ਨ ½ ਅੰਕ ਦਾ ਹੈ ।*

(ੳ) ਸੁਖਦੇਵ ਮਾਦਪੁਰੀ ਦੀ ਕਿਹੜੀ ਰਚਨਾ 'ਲਾਜ਼ਮੀ ਪੰਜਾਬੀ' ਪਾਠ-ਪੁਸਤਕ ਵਿੱਚ ਸ਼ਾਮਲ ਕੀਤੀ ਗਈ ਹੈ ?

(ਅ) 'ਪੰਜਾਬ ਦੇ ਰਸਮ-ਰਿਵਾਜ' ਪਾਠ ਦਾ ਲੇਖਕ ਕੌਣ ਹੈ ?

(ੲ) ਦੱਸੋ ਇਹ ਕਥਨ ਠੀਕ ਹੈ ਕਿ ਗਲਤ :

'ਜਿੱਥੇ ਚਾਰ-ਛੇ ਪੰਜਾਬੀ ਜੁੜ ਜਾਣ ਉਹ ਤੁਰਦਾ ਫਿਰਦਾ ਮੇਲਾ ਬਣ ਜਾਂਦਾ ਹੈ ।'

(ਸ) ਸੰਸਕ੍ਰਿਤ ਵਿੱਚ ਹੱਥ ਨੂੰ ਕੀ ਕਿਹਾ ਜਾਂਦਾ ਹੈ ?

(i) ਕਾਰ (ii) ਕਰ (iii) ਕੰਮ (iv) ਕਰਨ ।

(ਹ) ਖ਼ਾਲੀ ਸਥਾਨ ਭਰੋ :

ਫੁਲਕਾਰੀ ਕਢਾਈ ਦੀਆਂ ਸਾਰੀਆਂ ਵੰਨਗੀਆਂ ਹੀ ____ ਦੇ ਕੱਪੜੇ ਨਾਲ ਸੰਬੰਧ ਰੱਖਦੀਆਂ ਹਨ ।

(ਕ) ਗੁਰੂ ਜੀ ਨੇ ਖਿਦਰਾਣੇ ਵਿਖੇ ਸ਼ਹੀਦ ਹੋਏ ਸਿੰਘਾਂ ਨੂੰ ਕੀ ਕਹਿ ਕੇ ਸਨਮਾਨਿਆ ?

(ਖ) 'ਤਾਜ ਮਹਲ' ਕਿਸ ਕਵੀ ਦੀ ਰਚਨਾ ਹੈ ?

(ਗ) 'ਮਾੜਾ ਬੰਦਾ' ਕਹਾਣੀ ਵਿੱਚ ਧਰਮ ਪੋਥੀ ਕੌਣ ਪੜ੍ਹਦਾ ਹੈ ?

(ਘ) ਅਖਾਉਤ ਪੂਰੀ ਕਰੋ :

ਹੱਥਾਂ ਬਾਝ ਕਰਾਰਿਆਂ........ ।

(ਙ) ਅਖਾਉਤ ਪੂਰੀ ਕਰੋ :

......... ਜਾਂ ਰਾਹ ਪਿਆ ਜਾਣੀਏ । 10×½=5

[Turn over



www.a2zpapers.com

www.a2zpapers.com



2. ਕਿਸੇ **ਪੰਜ** ਪ੍ਰਸ਼ਨਾਂ ਦੇ ਉੱਤਰ ਲਿਖੋ :

(ੳ) ਸੰਸਾਰ ਦੇ ਸੱਭਿਆਚਾਰਾਂ ਵਿੱਚੋਂ ਪੰਜਾਬੀ ਸੱਭਿਆਚਾਰ ਕਿਵੇਂ ਵਿਲੱਖਣ ਹੈ ?

(ਅ) ਗੁਰੂ ਸਾਹਿਬਾਂ ਦੀ ਸਿਮਰਤੀ ਵਿੱਚ ਕਿਹੜੇ-ਕਿਹੜੇ ਮੇਲੇ ਲੱਗਦੇ ਹਨ ? ਕਿਸੇ ਇੱਕ ਮੇਲੇ ਬਾਰੇ ਜਾਣਕਾਰੀ ਦਿਓ ।

(ੲ) ਪੰਜਾਬ ਦੇ ਰਸਮ-ਰਿਵਾਜਾਂ ਦੇ ਪੱਖੋਂ ਵੱਖ-ਵੱਖ ਧਾਰਮਿਕ ਭਾਈਚਾਰਿਆਂ ਵਿੱਚ ਕੀ-ਕੀ ਭਿੰਨਤਾ ਹੈ ?

(ਸ) ਲੋਕ-ਖੇਡਾਂ ਪਾਠ ਦੇ ਆਧਾਰ 'ਤੇ ਦੱਸੋ ਕਿ ਲੋਕ-ਖੇਡਾਂ ਦੀ ਜੀਵਨ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਹੈ, ਕਿਵੇਂ ?

(ਹ) ਨਵਰਾਤਰਿਆਂ ਦੇ ਦਿਨਾਂ ਦੇ ਦੌਰਾਨ ਕੁੜੀਆਂ ਵਲੋਂ ਬਣਾਈਆਂ ਮਿੱਟੀ ਦੀਆਂ ਮੂਰਤੀਆਂ ਬਾਰੇ ਭਰਪੂਰ ਜਾਣਕਾਰੀ ਦਿਓ ।

(ਕ) ਵਰਤਮਾਨ ਸਮੇਂ ਵਿੱਚ ਭੰਗੜੇ ਦੇ ਬਦਲਦੇ ਸਰੂਪ ਬਾਰੇ ਦੱਸੋ ।

(ਖ) ਪੰਜਾਬ ਦੀਆਂ ਨਕਲਾਂ ਦੀਆਂ ਵਿਸ਼ੇ ਪੱਖੋਂ ਕਿਸਮਾਂ ਬਾਰੇ ਤੁਸੀਂ ਕੀ ਜਾਣਦੇ ਹੋ ?

(ਗ) 'ਪੰਜਾਬੀ ਸੱਭਿਆਚਾਰਕ ਪਰਿਵਰਤਨ' ਪਾਠ ਦੇ ਆਧਾਰ 'ਤੇ ਦੱਸੋ ਕਿ ਪੰਜਾਬੀ ਸੱਭਿਆਚਾਰ ਵਿੱਚ ਪਹਿਰਾਵੇ ਦੇ ਨਾਲ਼-ਨਾਲ਼ ਵਿਚਾਰਾਂ ਵਿੱਚ ਵੀ ਤਬਦੀਲੀ ਆਈ ਹੈ, ਕਿਵੇਂ ? 5×3=15

3. ਤੁਸੀਂ ਵੇਰਕਾ ਮਿਲਕ-ਪਲਾਂਟ ਦੇ ਉਤਪਾਦ ਵੇਚਣ ਦਾ ਕਾਰੋਬਾਰ ਆਪਣੇ ਇਲਾਕੇ ਵਿੱਚ ਕਰਨਾ ਚਾਹੁੰਦੇ ਹੋ । ਇਸ ਬਾਰੇ ਵੇਰਕਾ ਦੇ ਵੱਖ-ਵੱਖ ਉਤਪਾਦਾਂ ਆਦਿ ਦੀ ਜਾਣਕਾਰੀ ਲੈਣ ਹਿਤ ਨੇੜਲੇ ਵੇਰਕਾ ਮਿਲਕ-ਪਲਾਂਟ ਦੇ ਮੈਨੇਜਰ ਨੂੰ ਪੱਤਰ ਲਿਖੋ ।

ਜਾਂ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਸੂਚਨਾ ਅਧਿਕਾਰੀ ਨੂੰ ਪੱਤਰ ਲਿਖੋ ਜਿਸ ਵਿੱਚ ਸਾਉਣੀ ਦੀਆਂ ਫ਼ਸਲਾਂ ਦੇ ਬੀਜਾਂ ਦੀ ਉਪਲਬਧਤਾ, ਸਿਖਲਾਈ ਪ੍ਰੋਗਰਾਮਾਂ, ਖੇਤੀ-ਬਾੜੀ ਸਾਹਿਤ, ਸਾਉਣੀ ਦੀਆਂ ਫ਼ਸਲਾਂ ਦੇ ਸੰਭਾਵਿਤ ਰੋਗਾਂ ਤੇ ਰੋਕ-ਥਾਮ ਆਦਿ ਬਾਰੇ ਜਾਣਕਾਰੀ ਦੀ ਮੰਗ ਕਰੋ । 1+3+1=5

4. ਹੇਠ ਲਿਖੇ ਪੈਰੇ ਦੀ ਸੰਖੇਪ-ਰਚਨਾ ਕਰੋ ਅਤੇ ਢੁਕਵਾਂ ਸਿਰਲੇਖ ਵੀ ਲਿਖੋ :

ਸਾਡੇ ਅਨੇਕਾਂ ਨੌਜਵਾਨ ਜ਼ਿੰਦਗੀ ਦੇ ਚੁਰਸਤੇ ਉੱਤੇ ਡਾਵਾਂ-ਡੋਲ ਖੜੋਤੇ ਵਿਖਾਈ ਦੇ ਰਹੇ ਹਨ । ਉਹ ਹਰ ਪਾਸੇ ਵੇਖ ਰਹੇ ਹਨ, ਪਰ ਆਪਣੀ ਜ਼ਿੰਦਗੀ ਦੇ ਕੰਮ ਦੀ ਚੋਣ ਨਹੀਂ ਕਰ ਸਕਦੇ, ਪਹਿਲੋਂ ਤਾਂ ਉਹਨਾਂ ਨੂੰ ਕਰਨ ਵਾਲ਼ੇ ਕੰਮ ਹੀ ਬਹੁਤੇ ਨਹੀਂ ਦਿਸਦੇ ਤੇ ਫੇਰ ਉਹਨਾਂ ਨੂੰ ਇਹ ਪਤਾ ਨਹੀਂ ਲੱਗਦਾ ਕਿ ਉਹ ਕਿਸ ਕੰਮ ਲਈ ਯੋਗਤਾ ਰੱਖਦੇ ਹਨ । ਇਸ ਚੋਣ ਉੱਤੇ ਹੀ ਜ਼ਿੰਦਗੀ ਦੀ ਕਾਮਯਾਬੀ ਨਿਰਭਰ ਹੈ । ਅਨੇਕਾਂ ਕੀਮਤੀ ਜ਼ਿੰਦਗੀਆਂ ਸਿਰਫ਼ ਏਸ ਲਈ ਆਪਣਾ ਮੁੱਲ ਨਹੀਂ ਪੁਆ ਸਕੀਆਂ ਕਿ ਉਹਨਾਂ ਦੇ ਕੰਮ ਦੀ ਚੋਣ ਗਲਤ ਸੀ, ਸਾਰੀ ਉਮਰ ਗੋਲ਼ ਸੁਰਾਖ਼ ਵਿੱਚ ਜੋੜਨ ਲਈ ਉਹ ਆਪਣੇ ਚੌਰਸ ਕਿੱਲੇ ਦੀਆਂ ਨੁੱਕਰਾਂ ਛਿੱਲਦੇ ਰਹਿੰਦੇ ਹਨ । ਕੰਮ ਦੀ ਚੋਣ ਜ਼ਿੰਦਗੀ ਦੇ ਪਹਿਲੇ ਇੱਕ ਜਾਂ ਦੋ ਫ਼ੈਸਲਿਆ ਵਿੱਚੋਂ ਹੈ । ਹਜ਼ਾਰਾਂ ਜ਼ਿੰਦਗੀਆਂ ਗਲਤ ਚੋਣ ਕਰਕੇ ਨਿਕੰਮੀਆਂ ਤੇ ਨਾਖ਼ੁਸ਼ ਰਹਿ ਜਾਂਦੀਆਂ ਹਨ । ਜਦ ਤੱਕ ਇੱਕ ਕਾਰੀਗਰ ਨੂੰ ਆਪਣੇ ਹੱਥਲੇ ਕੰਮ ਵਿੱਚੋਂ ਰੋਜ਼ੀ ਤੋਂ ਛੁੱਟ ਹੋਰ ਕੋਈ ਅਨੰਦ ਪ੍ਰਾਪਤ ਨਹੀਂ ਹੁੰਦਾ, ਉਹ ਨਾ ਤਾਂ ਆਪਣੇ ਕੰਮ ਵਿੱਚ ਕਮਾਲ ਦੀ ਆਸ ਰੱਖ ਸਕਦਾ ਹੈ ਤੇ ਨਾ ਉਸ ਕੰਮ ਦੇ ਵਸੀਲੇ ਨਾਲ਼ ਆਪਣੀ ਆਤਮਾ ਵਿੱਚ ਖੇੜਾ ਲਿਆ ਸਕਦਾ ਹੈ । ਜਿਸ ਦਿਲ ਵਿੱਚ ਉਸ ਦੇ ਹੱਥਾਂ ਦੀ ਕਾਰ ਕਈ ਵਾਰੀ ਹੁਲਾਸ ਤੇ ਖੇੜਾ ਨਹੀਂ ਲਿਆਉਂਦੀ, ਉਹ ਉਸ ਫੁੱਲ ਵਾਂਗ ਬੇਨਿਖਾਰ ਰਹਿੰਦਾ ਹੈ, ਜਿਸ ਉੱਤੇ ਸ਼ਬਨਮ ਦਾ ਮੋਤੀ ਨਹੀਂ ਥਿਰਕਿਆ ਤੇ ਨਾ ਅਕਾਸ਼ੋਂ ਚਿੱਟੇ ਮੀਂਹ ਦ ਕਤਰਾ ਕਦੇ ਡਿੱਗਾ ਹੈ । 3+1=4



www.a2zpapers.com

www.a2zpapers.com



5. ਹੇਠ ਲਿਖੇ ਸ਼ਬਦਾਂ ਵਿੱਚੋਂ ਕਿਸੇ **ਇੱਕ** ਸ਼ਬਦ-ਸਮੂਹ ਨੂੰ ਸ਼ਬਦ-ਕੋਸ਼ ਤਰਤੀਬ ਅਨੁਸਾਰ ਲਿਖੋ :

| (i) | (ii) |
|---|---|
| ਮਸ਼ਕਰੀ | ਸਹਿਜੇ |
| ਭੁਜੰਗ | ਹੰਗਾਮਾ |
| ਪਿੰਜਣਾ | ਉਪਬੋਲੀ |
| ਭੁਚਾਲ | ਕਸਰਤ |
| ਬਰਾਂਡਾ | ਅਵਾਜ਼ |
| ਗੁਲਕੰਦ | ਮਕਸਦ |

3

6. ਹੇਠ ਲਿਖੇ ਵਾਕਾਂ ਵਿੱਚੋਂ ਕਿਸੇ **ਤਿੰਨ** ਵਾਕਾਂ ਦਾ ਬ੍ਰੈਕਟ ਵਿੱਚ ਦਿੱਤੇ ਨਿਰਦੇਸ਼ ਅਨੁਸਾਰ ਵਾਕ-ਵਟਾਂਦਰਾ ਕਰੋ :

(i) ਉਹ ਨਸ਼ਿਆਂ ਵਿੱਚ ਪੈ ਕੇ ਕੰਗਾਲ ਹੋ ਗਿਆ । (ਸੰਜੁਗਤ-ਵਾਕ)

(ii) ਦਵਾਈ ਖਾਓ ਅਤੇ ਤੰਦਰੁਸਤ ਹੋ ਜਾਓ । (ਸਧਾਰਨ-ਵਾਕ)

(iii) ਸਮਝਦਾਰ ਬੱਚੇ ਮਾਪਿਆਂ ਦਾ ਕਿਹਾ ਮੰਨਦੇ ਹਨ । (ਮਿਸ਼ਰਿਤ-ਵਾਕ)

(iv) ਬੱਚੇ ਸਭ ਨੂੰ ਪਿਆਰੇ ਲੱਗਦੇ ਹਨ । (ਪ੍ਰਸ਼ਨ-ਵਾਚਕ-ਵਾਕ)

(v) ਉਸ ਦਾ ਕੱਦ ਲੰਮਾ ਨਹੀਂ । (ਹਾਂ-ਵਾਚਕ-ਵਾਕ)

1×3=3

7. ਹੇਠ ਲਿਖੀਆਂ ਅਖਾਉਤਾਂ ਵਿੱਚੋਂ ਕਿਸੇ **ਚਾਰ** ਨੂੰ ਵਾਕਾਂ ਵਿੱਚ ਵਰਤੋ ਜਾਂ ਉਹਨਾਂ ਦੀ ਵਰਤੋਂ ਦੀਆਂ ਸਥਿਤੀਆਂ ਦੱਸੋ :

(ੳ) ਆਦਰ ਤੇਰੀ ਚਾਦਰ ਨੂੰ ਬਹਿਣਾ ਤੇਰੇ ਗਹਿਣੇ ਨੂੰ

(ਅ) ਆਪਣੇ ਹੱਥੀਂ ਆਪਣਾ ਆਪੇ ਹੀ ਕਾਜ ਸਵਾਰੀਐ

(ੲ) ਖ਼ਰਬੂਜ਼ੇ ਨੂੰ ਵੇਖ ਕੇ ਖ਼ਰਬੂਜ਼ਾ ਰੰਗ ਫੜਦਾ ਹੈ

(ਸ) ਛੱਜ ਤਾਂ ਬੋਲੇ ਛਾਣਨੀ ਕਿਉਂ ਬੋਲੇ

(ਹ) ਗੱਲ ਕਹਿੰਦੀ ਤੂੰ ਮੈਨੂੰ ਮੂੰਹੋਂ ਕੱਢ, ਮੈਂ ਤੈਨੂੰ ਪਿੰਡੋਂ ਕਢਾਉਂਦੀ ਹਾਂ

(ਕ) ਜਾਂਦੇ ਚੋਰ ਦੀ ਲੰਗੋਟੀ ਹੀ ਸਹੀ

(ਖ) ਵਾਦੜੀਆਂ-ਸਜਾਦੜੀਆਂ ਨਿਭਣ ਸਿਰਾਂ ਦੇ ਨਾਲ਼ ।

1×4=4

8. ਕਿਸੇ ਇਕ ਕਵਿਤਾ ਦਾ ਕੇਂਦਰੀ-ਭਾਵ ਲਿਖੋ :

(ੳ) ਟੁਕੜੀ ਜੱਗ ਤੋਂ ਨਿਆਰੀ (ਭਾਈ ਵੀਰ ਸਿੰਘ)

(ਅ) ਵਾਰਸ ਸ਼ਾਹ (ਅੰਮ੍ਰਿਤਾ ਪ੍ਰੀਤਮ)

(ੲ) ਮੇਰਾ ਬਚਪਨ (ਹਰਭਜਨ ਸਿੰਘ)

4

9. ਕਿਸੇ ਇੱਕ ਕਹਾਣੀ ਦਾ ਸਾਰ ਲਿਖੋ :

(ੳ) ਸਾਂਝ (ਸੁਜਾਨ ਸਿੰਘ)

(ਅ) ਸਤੀਆਂ ਸੇਈ (ਦਲੀਪ ਕੌਰ ਟਿਵਾਣਾ) ।

7



www.a2zpapers.com